ਨੰ:2/59/08-2ਸਿ3 /1272

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਡਿੰਪਸ ਸਕੂਲ,
ਦਾਰਾਪੁਰ ਬਾਈਪਾਸ ਟਾਂਡਾਂ ਹੁਸਿਆਰਪੁਰ।

ਮਿਤੀ,ਚੰਡੀਗੜ੍ਹ 25/6/08.

ਵਿਸਾ:- ਡਿੰਪਸ ਸਕੂਲ, ਦਾਰਾਪੁਰ ਬਾਈਪਾਸ ਟਾਂਡਾਂ ਹੁਸਿਆਰਪੁਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

---------------

ਸ੍ਰੀਮਾਨ ਜੀ,

ਉਪਰੋਕਤ ਵਿਸੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਹੁਸਿਆਰਪੁਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸਪੈਕਸਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।
2 ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜਾਉਣਾ ਦਸਵੀ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ .ਐਸ. ਈ.ਨਵੀਂ ਦਿੱਲੀ ਦੀ ਐਫੀਲੀਏਸਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਨੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 23-6-08 ਅਨੁਸਾਰ ਜਾਰੀ ਕੀਤੀ ਜਾਂਦੀ ਹੈ ।

ਵਿਸੇਸ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ:2/59/08-2ਸਿ3/

ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/16-2008 ਗ੍ਰਾਂਟ 1(2) ਮਿਤੀ 11.6.2008 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸੇਸ ਸਕੱਤਰ ਸਕੂਲ ਸਿੱਖਿਆ